a2zpapers.com

www.a2zpapers.com

**Exam. Code : 103206**
**Subject Code : 1207**

**B.A./B.Sc. 6th Semester**

**ਪੰਜਾਬੀ ਲਾਜ਼ਮੀ**

Time Allowed—3 Hours] [Maximum Marks—50

**ਨੋਟ :-** ਸਾਰੇ ਪ੍ਰਸ਼ਨ ਲਾਜ਼ਮੀ ਹਨ।

1. ਦਲੀਪ ਕੌਰ ਟਿਵਾਣਾ ਦੀ ਕਹਾਣੀ ਉਹ ਸੋਚਦੀ ਦਾ ਵਿਸ਼ਾ-ਵਸਤੂ ਲਿਖੋ।

**ਜਾਂ**

ਪ੍ਰੇਮ ਪ੍ਰਕਾਸ਼ ਦੀ ਕਹਾਣੀ ਫੈਸਲਾ ਦਾ ਵਿਸ਼ਾ-ਵਸਤੂ ਲਿਖੋ। 10

2. ਹਰਿੰਦਰ ਸਿੰਘ ਰੂਪ ਦੇ ਲੇਖ 'ਖੁਸ਼ਾਮਦੀ ਨਾਲ' ਦਾ ਸਾਰ ਲਿਖੋ।

**ਜਾਂ**

ਗੁਰਬਚਨ ਸਿੰਘ ਤਾਲਿਬ ਦੇ ਲੇਖ ਝੂਠ ਤੇ ਸੱਚ ਦਾ ਵਿਸ਼ਾ-ਵਸਤੂ ਲਿਖੋ। 10

3. ਹੇਠ ਲਿਖੇ ਵਿਸ਼ਿਆਂ ਵਿਚੋਂ ਕਿਸੇ **ਇੱਕ** ਵਿਸ਼ੇ ਤੇ ਲੇਖ ਰਚਨਾ ਕਰੋ :

(ੳ) ਪੰਜਾਬੀ ਸਭਿਆਚਾਰ

(ਅ) ਇੰਟਰਨੈੱਟ ਦਾ ਮਹੱਤਵ

(ੲ) ਸਾਹਿਤ ਅਤੇ ਸਮਾਜ। 5

4. ਹੇਠ ਲਿਖੇ ਪੈਰ੍ਹੇ ਦੀ ਸੰਖੇਪ ਰਚਨਾ ਕਰੋ :

ਘਰ ਇੱਟਾਂ ਜਾਂ ਵੱਟਿਆਂ ਦੇ ਬਣੇ ਕੋਠੇ ਨੂੰ ਨਹੀਂ ਕਹਿੰਦੇ। ਘਰ ਤੋਂ ਭਾਵ ਉਹ ਥਾਂ ਹੈ, ਜਿੱਥੇ ਮਨੁੱਖ ਦੇ ਪਿਆਰ ਦੀਆਂ ਸਧਰਾਂ ਪਲਦੀਆਂ ਹਨ, ਜਿੱਥੇ ਬਾਲਪਨ ਵਿੱਚ ਮਾਂ ਭੈਣ ਤੇ ਭਰਾ ਕੋਲੋਂ ਲਾਡ



www.a2zpapers.com www.a2zpapers.com
oad free old Question papers gndu, ptu hp board, punjab

a2zpapers.com

www.a2zpapers.com

ਲਿਆ ਹੁੰਦਾ ਹੈ, ਜਿੱਥੇ ਜਵਾਨੀ ਵਿੱਚ ਸਾਰੇ ਜਹਾਨ ਨੂੰ ਗਾਹ ਕੇ, ਲਿਤਾੜ ਕੇ, ਖੱਟੀ ਕਮਾਈ ਕਰ ਕੇ ਮੁੜ ਆਉਣ ਨੂੰ ਜੀਅ ਕਰਦਾ ਹੈ, ਜਿੱਥੇ ਬੁਢੇਪੇ ਵਿੱਚ ਬਹਿ ਕੇ ਸਾਰੇ ਜੀਵਨ ਦੇ ਝਮੇਲਿਆਂ ਤੋਂ ਮਿਲੀ ਵਿਹਲ ਨੂੰ ਅਰਾਮ ਨਾਲ ਕੱਟਣ ਵਿੱਚ ਇਉਂ ਸੁਆਦ ਆਉਂਦਾ ਹੈ ਜਿਵੇਂ ਬਚਪਨ ਵਿੱਚ ਮਾਂ ਦੀ ਝੋਲੀ ਵਿੱਚ ਆਉਂਦਾ ਸੀ। ਘਰ ਮਨੁੱਖ ਦੇ ਨਿੱਜੀ ਵਲਵਲ਼ਿਆਂ ਤੇ ਸ਼ਖ਼ਸੀ ਰਹਿਣੀ ਦਾ ਕੇਂਦਰ ਹੁੰਦਾ ਹੈ। ਉਸ ਦੇ ਆਚਰਣ ਬਣਾਉਣ ਵਿੱਚ ਜਿੱਥੇ ਸਮਾਜਕ ਤੇ ਮੁਲਕੀ ਆਲੇ ਦੁਆਲੇ ਦਾ ਅਸਰ ਕੰਮ ਕਰਦਾ ਹੈ, ਉੱਥੇ ਘਰ ਦੀ ਚਾਰ ਦੀਵਾਰੀ ਅਤੇ ਇਸ ਦੇ ਅੰਦਰ ਦੇ ਹਾਲਾਤ ਦਾ ਅਸਰ ਵੀ ਘਟ ਕੰਮ ਨਹੀਂ ਕਰਦਾ। ਸਗੋਂ ਮਨੁੱਖ ਦਾ ਆਚਰਣ ਬਣਦਾ ਹੀ ਘਰ ਵਿੱਚ ਹੈ। ਇਹ ਉਸ ਦੀਆਂ ਰੁਚੀਆਂ ਅਤੇ ਸੁਭਾਉ ਦਾ ਸਾਂਚਾ ਹੈ। 5

5. ਪੰਜਾਬੀ ਸ੍ਵਰ ਧੁਨੀਆਂ ਦਾ ਵਰਗੀਕਰਨ ਕਰੋ।

ਜਾਂ

ਕਿਰਿਆ ਵਾਕੰਸ਼ ਦੀ ਬਣਤਰ ਤੇ ਨੋਟ ਲਿਖੋ। 10

6. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਉ :

(ੳ) ਅਜੀਤ ਕੌਰ ਦੀ ਕਹਾਣੀ ਗੁਲਬਾਨੋ ਦੇ ਸਿਰਲੇਖ ਬਾਰੇ ਪੰਜ ਸਤਰਾਂ ਲਿਖੋ।

(ਅ) ਘੋਟਣਾ ਕਹਾਣੀ ਦਾ ਵਿਸ਼ਾ-ਵਸਤੂ ਲਿਖੋ।

(ੲ) ਗੱਦ ਪ੍ਰਵਾਹ ਪੁਸਤਕ ਦੇ ਸੰਪਾਦਕਾਂ ਦੇ ਨਾਮ ਲਿਖੋ।

(ਸ) ਨਰਿੰਦਰ ਸਿੰਘ ਕਪੂਰ ਦਾ ਚੰਗੀ ਗੱਲਬਾਤ ਤੋਂ ਕੀ ਭਾਵ ਹੈ ?

(ਹ) ਸੁਰਿੰਦਰ ਮੰਡ ਅਨੁਸਾਰ ਮਨੁੱਖ ਦੀਆਂ ਬੁਨਿਆਈ ਲੋੜਾਂ ਕਿਹੜੀਆਂ ਹਨ ? 5×2=10



www.a2zpapers.com www.a2zpapers.com
oad free old Question papers gndu, ptu hp board, punjab